ਅਤਿ - ਜ਼ਰੂਰੀ

ਈ-ਮੇਲ

GOVT. PUNJAB

**ਪੰਜਾਬ ਸਰਕਾਰ**

**ਸਿੱਖਿਆ ਵਿਭਾਗ**

**(ਸਿੱਖਿਆ- 6 ਸ਼ਾਖਾ)**

ਸੇਵਾ ਵਿਖੇ

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ/ਐ:ਸਿ)
ਸਮੂਹ ਸਕੂਲ ਪ੍ਰਿੰਸੀਪਲ/ ਮੁੱਖੀ (ਵੈਬ-ਸਾਈਟ ਰਾਹੀਂ)
ਪੰਜਾਬ ਰਾਜ ਵਿੱਚ।

ਮੀਮੋ ਨੰ: SED-EDU6011/101/2022-5EDU6/355005/1-2

ਮਿਤੀ, ਚੰਡੀਗੜ੍ਹ:- 5.5.22

ਵਿਸ਼ਾ:- **Talent search for Sports Wings/Coaching Centres of the Sports Department Punjab.**

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ।

2. ਵਿਸਾ ਅੰਕਿਤ ਮਾਮਲੇ ਸਬੰਧੀ ਆਪ ਜੀ ਨੂੰ ਡਿਪਟੀ ਡਾਇਰੈਕਟਰ ਖੇਡਾਂ ਪੰਜਾਬ ਤੋਂ ਪਿੱ.ਅੰਕਣ ਨੰ. ਸਪੋਰਟ-ਸਸ1-ਡੀਏ5-2022/3741-87 ਈ-ਮੇਲ ਪੱਤਰ ਮਿਤੀ 04.05.2022 ਦੀ ਕਾਪੀ ਭੇਜ ਕੇ ਲਿਖਿਆ ਜਾਂਦਾ ਹੈ ਕਿ ਖੇਡ ਵਿਭਾਗ ਵੱਲੋਂ ਉਕਤ ਮਾਮਲੇ ਸਬੰਧੀ ਟੇਲੈਂਟ ਸਰਚ ਮਿਤੀ 06.05.2022 ਤੋਂ ਆਰੰਭ ਕਰਵਾਇਆ ਜਾ ਰਿਹਾ ਹੈ।

3. ਇਸ ਸਬੰਧੀ ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਹਵਾਲੇ ਅਧੀਨ ਪੱਤਰ ਵਿੱਚ ਦਰਸਾਏ ਦਿਸ਼ਾ-ਨਿਰਦੇਸ਼ਾਂ ਅਨੁਸਾਰ ਟੇਲੈਂਟ ਸਰਚ ਪ੍ਰੀਕਿਰਿਆ ਵਿੱਚ ਆਪ ਵੱਲੋਂ ਸਿੱਧੇ ਤੌਰ ਤੇ ਜ਼ਿਲ੍ਹਾ ਖੇਡ ਅਫਸਰਾਂ ਅਤੇ ਕੋਚਿਜ਼ਾਂ ਨੂੰ ਲੋੜੀਂਦਾ ਸਹਿਯੋਗ ਦਿੱਤਾ ਜਾਣਾ ਯਕੀਨੀ ਬਣਾਇਆ ਜਾਵੇ। ਜੇਕਰ ਕੋਚਿਜ਼ ਵੱਲੋਂ ਇਹ ਟਰਾਇਲ ਪਿੰਡਾਂ ਵਿੱਚ ਜਾ ਕੇ ਸਕੂਲਾਂ ਵਿੱਚ ਰੱਖੇ ਜਾਂਦੇ ਹਨ, ਤਾਂ ਸਕੂਲਾਂ ਵਿੱਚ ਟਰਾਇਲਜ਼ ਲੈਣ ਲਈ ਪ੍ਰਬੰਧ ਅਤੇ ਖਿਡਾਰੀਆਂ ਲਈ ਪਾਣੀ ਆਦਿ ਦਾ ਇੰਤਜ਼ਾਮ ਕੀਤਾ ਜਾਵੇ।

4. ਇਹ ਪੱਤਰ ਸਮਰੱਥ ਅਥਾਰਟੀ ਦੀ ਪ੍ਰਵਾਨਗੀ ਨਾਲ ਜਾਰੀ ਕੀਤਾ ਜਾਂਦਾ ਹੈ।

ਅਧੀਨ ਸਕੱਤਰ, ਸਕੂਲ ਸਿੱਖਿਆ

ਪਿੱ.ਅੰ. ਨੰ. SED-EDU6011/101/2022-5EDU6/355005/3-8

ਮਿਤੀ.ਚੰਡੀਗੜ੍ਹ 5.5.22

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
2. ਡਾਇਰੈਕਟਰ ਸਕੂਲ ਸਿੱਖਿਆ ਵਿਭਾਗ (ਸੈ:ਸਿ),ਪੰਜਾਬ।
3. ਡਾਇਰੈਕਟਰ ਸਕੂਲ ਸਿੱਖਿਆ ਵਿਭਾਗ(ਐ:ਸਿ),ਪੰਜਾਬ।
4. ਡਾਇਰੈਕਟਰ ਐਸ.ਸੀ.ਈ.ਆਰ.ਟੀ., ਪੰਜਾਬ।
5. ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ, ਪੰਜਾਬ।
6. ਡਿਪਟੀ ਡਾਇਰੈਕਟਰ ਖੇਡਾਂ, ਪੰਜਾਬ

ਅਧੀਨ ਸਕੱਤਰ, ਸਕੂਲ ਸਿੱਖਿਆ

# ਖੇਡ ਵਿਭਾਗ ਪੰਜਾਬ, ਚੰਡੀਗੜ੍ਹ।

ਸੇਵਾ ਵਿਖੇ,

ਮਾਣਯੋਗ ਪ੍ਰਮੁੱਖ ਸਕੱਤਰ,
ਸਿੱਖਿਆ ਵਿਭਾਗ ਪੰਜਾਬ।
ਪੱਤਰ ਨੰ: ਸਪੋਰਟਸ-ਸਸ1-ਡੀਏ5-2022/ 3740

ਮਿਤੀ: 04/05/2022

ਵਿਸ਼ਾ:- **Talent search for Sports Wings/Coaching Centres of the Sports Department Punjab.**

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ।

2. ਆਪ ਜੀ ਨੂੰ ਬੇਨਤੀ ਸਹਿਤ ਲਿਖਿਆ ਜਾਂਦਾ ਹੈ ਕਿ ਖੇਡ ਵਿਭਾਗ ਅਧੀਨ ਆਉਂਦੇ ਵੱਖ-2 ਕੋਚਿੰਗ ਸੈਂਟਰਾਂ / ਸਪੋਰਟਸ ਵਿੰਗਾਂ (ਡੇ-ਸਕੋਲਰ ਅਤੇ ਰੈਜ਼ੀਡੈਂਸ਼ਲ) ਵਿੱਚ ਤਕਰੀਬਨ 10,000 ਖਿਡਾਰੀ ਪ੍ਰੈਕਟਿਸ ਕਰਦੇ ਹਨ । ਅੰਤਰਰਾਸ਼ਟਰੀ ਅਤੇ ਰਾਸ਼ਟਰੀ ਪੱਧਰ ਤੇ ਖੇਡਾਂ ਦੇ ਖੇਤਰ ਵਿੱਚ ਵਧੇਰੇ ਮੱਲਾਂ ਮਾਰਨ ਲਈ ਖਿਡਾਰੀਆਂ ਦੀ ਗਿਣਤੀ ਵਧਾਉਣ ਦੀ ਸਖਤ ਲੋੜ ਹੈ। ਇਸ ਵੀਜਨ ਨੂੰ ਧਿਆਨ ਵਿੱਚ ਰੱਖਦੇ ਹੋਏ ਮਾਣਯੋਗ ਸਿੱਖਿਆ ਅਤੇ ਖੇਡਾਂ ਤੇ ਯੁਵਕ ਸੇਵਾਵਾਂ ਮੰਤਰੀ ਜੀ ਵੱਲੋਂ ਸਾਲ 2022-23 ਦੌਰਾਨ ਹਰ ਜ਼ਿਲ੍ਹੇ ਦੇ ਹਰ ਪਿੰਡ ਵਿੱਚ ਖੇਡ ਵਿਭਾਗ / ਸਿਖਿਆ ਵਿਭਾਗ ਅਧੀਨ ਕੰਮ ਕਰਦੇ ਕੋਚਿਜ਼ / ਜ਼ਿਲ੍ਹਾ ਖੇਡ ਅਫਸਰ / ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਅਤੇ ਜ਼ਿਲ੍ਹਾ ਸਿਖਿਆ ਅਫਸਰਾਂ ਰਾਹੀਂ ਟੇਲੈਂਟ ਸਰਚ ਦੀ ਪ੍ਰਕਿਰਿਆ ਆਰੰਭ ਕਰਨ ਦੀ ਪ੍ਰਵਾਨਗੀ ਦਿੱਤੀ ਗਈ ਹੈ। ਇਸ ਪ੍ਰਕਿਰਿਆ ਰਾਹੀਂ ਵਿਭਾਗ ਦੇ 2 ਕੋਚ ਹਰ ਪਿੰਡ ਵਿੱਚ ਜਾ ਕੇ ਸਾਰੇ ਬੱਚੇ ਜੋ 06 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਹੋਣ , ਦੇ ਟਰਾਇਲ ਲੈਣਗੇ ਅਤੇ ਉਨ੍ਹਾਂ ਦੀ ਪ੍ਰਫਾਰਮੈਂਸ ਮੁੱਖ ਦਫਤਰ ਵੱਲੋਂ ਤਿਆਰ ਕੀਤੀਆਂ ਜਾ ਰਹੀਆਂ ਗੂਗਲ ਸਪਰੈੱਡ ਸ਼ੀਟਾਂ ਵਿੱਚ ਭਰਨਗੇ। ਇਸ ਕੰਮ ਵਿੱਚ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਅਤੇ ਜ਼ਿਲ੍ਹਾ ਸਿੱਖਿਆ ਅਫਸਰ ਸਮੇਤ ਸਕੂਲਾਂ ਦੇ ਪ੍ਰਿੰਸੀਪਲ ਸਿੱਧੇ ਤੌਰ ਤੇ ਜ਼ਿਲ੍ਹਾ ਖੇਡ ਅਫਸਰਾਂ ਨੂੰ ਲੋੜੀਂਦਾ ਸਹਿਯੋਗ ਦੇਣ ਦੀ ਖੇਚਲ ਕਰਨ।

ਵਿਭਾਗ ਵੱਲੋਂ ਇਹ ਟੇਲੈਂਟ ਸਰਚ ਮਿਤੀ 6.5.2022 ਤੋਂ ਆਰੰਭ ਕਰਵਾਇਆ ਜਾ ਰਿਹਾ ਹੈ। ਆਪ ਜੀ ਵੱਲੋਂ ਜ਼ਿਲ੍ਹਿਆਂ ਦੇ ਜ਼ਿਲ੍ਹਾ ਸਿੱਖਿਆ ਅਫਸਰਾਂ ਅਤੇ ਸਕੂਲਾਂ ਦੇ ਪ੍ਰਿੰਸੀਪਲਾਂ ਨੂੰ ਹਦਾਇਤ ਕੀਤੀ ਜਾਵੇ ਕਿ ਉਹ ਖੇਡ ਵਿਭਾਗ ਦੇ ਕੋਚਿਜ ਨੂੰ ਖਿਡਾਰੀਆਂ ਦੇ ਟਰਾਇਲਜ਼ ਲਈ ਪੂਰਨ ਸਹਿਯੋਗ ਦੇਣ ਅਤੇ ਜੇਕਰ ਕੋਚਿਜ ਵੱਲੋਂ ਇਹ ਟਰਾਇਲ ਪਿੰਡਾਂ ਵਿੱਚ ਜਾ ਕੇ ਸਕੂਲਾਂ ਵਿੱਚ ਰੱਖੇ ਜਾਂਦੇ ਹਨ, ਤਾਂ ਸਕੂਲਾਂ ਵਿੱਚ ਟਰਾਇਲਜ਼ ਲੈਣ ਲਈ ਪ੍ਰਬੰਧ ਅਤੇ ਖਿਡਾਰੀਆਂ ਲਈ ਪਾਣੀ ਆਦਿ ਦਾ ਇੰਤਜ਼ਾਮ ਕੀਤਾ ਜਾਵੇ।

ਸਹੀ/-

**ਮਿਤੀ: 02.05.2022**

**ਪ੍ਰਮੁੱਖ ਸਕੱਤਰ, ਖੇਡਾਂ ਤੇ ਯੁਵਕ**
**ਸੇਵਾਵਾਂ ਵਿਭਾਗ, ਪੰਜਾਬ**

ਪਿੱਠ ਅੰਕਣ ਨੰ: ਸਪੋਰਟਸ-ਸਸ1-ਡੀਏ5-2022/ 3741-87 ਮਿਤੀ: 04/05/2022

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਪੀ.ਏ. ਟੂ ਮਾਣਯੋਗ ਪ੍ਰਮੁੱਖ ਸਕੱਤਰ, ਖੇਡਾਂ ਜੀ ਨੂੰ ਮਾਣਯੋਗ ਪ੍ਰਮੁੱਖ ਸਕੱਤਰ ਖੇਡਾਂ ਜੀ ਦੀ ਜਾਣਕਾਰੀ ਹਿੱਤ।
2. ਸਮੂਹ ਡਿਪਟੀ ਕਮਿਸ਼ਨਰਜ਼, ਪੰਜਾਬ ਰਾਜ।
3. ਸਮੂਹ ਜ਼ਿਲ੍ਹਾ ਖੇਡ ਅਫਸਰ, ਪੰਜਾਬ ਰਾਜ।

ਕ੍ਰਿਪਾਲਵੀਰ ਸਿੰਘ, ਪੀ.ਸੀ.ਐਸ
**ਡਿਪਟੀ ਡਾਇਰੈਕਟਰ ਖੇਡਾਂ ਪੰਜਾਬ**
**ਵਾਸਤੇ: ਪ੍ਰਮੁੱਖ ਸਕੱਤਰ, ਖੇਡਾਂ ਤੇ ਯੁਵਕ ਸੇਵਾਵਾਂ ਵਿਭਾਗ, ਪੰਜਾਬ**

Scanned with CamScanner